**ਸੁਖ ਸਾਗਰੁ ਸੁਰਤਰ ਚਿੰਤਾਮਨਿ ਕਾਮਧੇਨੁ ਬਸਿ ਜਾ ਕੇ ॥ ਚਾਰਿ ਪਦਾਰਥ ਅਸਟ ਦਸਾ ਸਿਧਿ ਨਵ ਨਿਧਿ ਕਰ ਤਲ ਤਾ ਕੇ ॥੧ ॥ ਹਰਿ ਹਰਿ ਹਰਿ ਨ ਜਪਹਿ ਰਸਨਾ ॥ ਅਵਰ ਸਭ ਤਿਆਗਿ ਬਚਨ ਰਚਨਾ ॥੧ ॥ ਰਹਾਉ ॥ ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਖਰ ਮਾਂਹੀ ॥ ਬਿਆਸ ਬਿਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ ॥੨ ॥ ਸਹਜ ਸਮਾਧਿ ਉਪਾਧਿ ਰਹਤ ਫੁਨਿ ਬਡੈ ਭਾਗਿ ਲਿਵ ਲਾਗੀ ॥ ਕਹਿ ਰਵਿਦਾਸ ਪ੍ਰਗਾਸੁ ਰਿਦੈ ਧਰਿ ਜਨਮ ਮਰਨ ਭੈ ਭਾਗੀ ॥੩॥੪॥** {ਪੰਨਾ 658}

ਪਦਅਰਥ:- ਸੁਰਤਰ—ਸੁਰਗ ਦੇ ਰੁੱਖ , ਇਹ ਗਿਣਤੀ ਵਿਚ ਪੰਜ ਹਨ —ਮੰਦਾਰ, ਪਾਰਿਜਾਤਿ, ਸੰਤਾਨ, ਕਲਪ ਰੁੱਖ, ਹਰਿਚੰਦਨ।

ਚਿੰਤਾਮਨਿ—ਉਹ ਮਣੀ ਜਿਸ ਪਾਸੋਂ ਮਨ ਦੀ ਹਰੇਕ ਚਿਤਵਨੀ ਪੂਰੀ ਹੋ ਜਾਂਦੀ ਮੰਨੀ ਜਾਂਦੀ ਹੈ। ਕਾਮਧੇਨੁ—{ਕਾਮ—ਵਾਸ਼ਨਾ। ਧੇਨੁ—ਗਾਂ} ਹਰੇਕ ਵਾਸ਼ਨਾ ਪੂਰੀ ਕਰਨ ਵਾਲੀ ਗਾਂ (ਸੁਰਗ ਵਿਚ ਰਹਿੰਦੀ ਮੰਨੀ ਜਾਂਦੀ ਹੈ)। ਬਸਿ—ਵੱਸ ਵਿਚ। ਜਾ ਕੇ —ਜਿਸ ਪਰਮਾਤਮਾ ਦੇ। ਚਾਰਿ ਪਦਾਰਥ —ਧਰਮ, ਅਰਥ, ਕਾਮ, ਮੋਖ। ਅਸਟ ਦਸਾ—{8+10} ਅਠਾਰਾਂ। ਨਵ ਨਿਧਿ—ਕੁਬੇਰ ਦੇਵਤੇ ਦੇ ਨੌ ਖ਼ਜ਼ਾਨੇ। ਕਰ ਤਲ—ਹੱਥਾਂ ਦੀਆਂ ਤਲੀਆਂ ਉੱਤੇ।1।

ਰਸਨਾ—ਜੀਭ ਨਾਲ। ਬਚਨ ਰਚਨਾ—ਫੋਕੀਆਂ ਗੱਲਾਂ। ਤਿਆਗਿ—ਤਿਆਗ ਕੇ।1। ਰਹਾਉ।

ਨਾਨਾ—ਕਈ ਕਿਸਮ ਦੇ। ਖਿਆਨ —ਪ੍ਰਸੰਗ {Skt.AwrÊXwn}। ਬੇਦ ਬਿਧਿ —ਵੇਦਾਂ ਵਿਚ ਦੱਸੀਆਂ ਧਾਰਮਿਕ ਵਿਧੀਆਂ। ਚਉਤੀਸ ਅਖਰ —{A e a s=4, ਪੰਜ ਵਰਗ , ਕ-ਵਰਗ ਆਦਿਕ=25, X r v l h=5, ਕੁੱਲ ਜੋੜ =34। ਨੋਟ:- ਅਸਲ ‘ਹ੍ਰਸ੍ਵ’ ਸਿਰਫ਼ 3 ਹਨ, ‘ੳ, ਅ, ੲ’, ਬਾਕੀ ਦੇ ਇਹਨਾਂ ਤੋਂ ਹੀ ਬਣੇ ਹਨ ਲਗਾਂ ਮਾਤ੍ਰਾਂ ਲਾ ਕੇ }। ਚਉਤੀਸ ਅਖਰ ਮਾਂਹੀ—34 ਅੱਖਰਾਂ ਵਿਚ ਹੀ, ਨਿਰੀ ਵਾਕ ਰਚਨਾ, ਨਿਰੀਆਂ ਗੱਲਾਂ ਜੋ ਆਤਮਕ ਜੀਵਨ ਤੋਂ ਹੇਠਾਂ ਹਨ। ਪਰਮਾਰਥੁ —ਪਰਮ+ਅਰਥ, ਸਭ ਤੋਂ ਉੱਚੀ ਗੱਲ। ਸਰਿ—ਬਰਾਬਰ।2।

ਸਹਜ ਸਮਾਧਿ —ਮਨ ਦਾ ਪੂਰਨ ਟਿਕਾਉ। ਸਹਜ —ਆਤਮਕ ਅਡੋਲਤਾ। ਉਪਾਧਿ —ਕਲੇਸ਼। ਫੁਨਿ—ਫਿਰ, ਮੁੜ। ਬਡੈ ਭਾਗਿ—ਵੱਡੀ ਕਿਸਮਤ ਨਾਲ। ਕਹਿ—ਕਹੇ, ਆਖਦਾ ਹੈ। ਰਿਦੈ—ਹਿਰਦੇ ਵਿਚ। ਭਾਗੀ—ਦੂਰ ਹੋ ਜਾਂਦੇ ਹਨ।3।

ਅਰਥ:- (ਹੇ ਪੰਡਿਤ!) ਜੋ ਪ੍ਰਭੂ ਸੁਖਾਂ ਦਾ ਸਮੁੰਦਰ ਹੈ, ਜਿਸ ਪ੍ਰਭੂ ਦੇ ਵੱਸ ਵਿਚ ਸੁਰਗ ਦੇ ਪੰਜੇ ਰੁੱਖ,

ਚਿੰਤਾਮਣਿ ਤੇ ਕਾਮਧੇਨ ਹਨ , ਧਰਮ ਅਰਥ ਕਾਮ ਮੋਖ ਚਾਰੇ ਪਦਾਰਥ , ਅਠਾਰਾਂ ਸਿੱਧੀਆਂ ਤੇ ਨੌ ਨਿਧੀਆਂ ਇਹ ਸਭ ਉਸੇ ਦੇ ਹੱਥਾਂ ਦੀਆਂ ਤਲੀਆਂ ਉੱਤੇ ਹਨ।1।

(ਹੇ ਪੰਡਿਤ!) ਤੂੰ ਹੋਰ ਸਾਰੀਆਂ ਫੋਕੀਆਂ ਗੱਲਾਂ ਛੱਡ ਕੇ (ਆਪਣੀ) ਜੀਭ ਨਾਲ ਸਦਾ ਇਕ ਪਰਮਾਤਮਾ ਦਾ ਨਾਮ ਕਿਉਂ ਨਹੀਂ ਸਿਮਰਦਾ?।1। ਰਹਾਉ।

(ਹੇ ਪੰਡਿਤ!) ਪੁਰਾਣਾਂ ਦੇ ਅਨੇਕ ਕਿਸਮਾਂ ਦੇ ਪ੍ਰਸੰਗ , ਵੇਦਾਂ ਦੀਆਂ ਦੱਸੀਆਂ ਹੋਈਆਂ ਵਿਧੀਆਂ , ਇਹ ਸਭ ਵਾਕ-ਰਚਨਾ ਹੀ ਹਨ (ਅਨੁਭਵੀ ਗਿਆਨ ਨਹੀਂ ਜੋ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਹਿਰਦੇ ਵਿਚ ਪੈਦਾ ਹੁੰਦਾ ਹੈ)। (ਹੇ ਪੰਡਿਤ! ਵੇਦਾਂ ਦੇ ਖੋਜੀ) ਵਿਆਸ (ਰਿਸ਼ੀ) ਨੇ ਸੋਚ ਵਿਚਾਰ ਕੇ ਇਹੀ ਧਰਮ - ਤੱਤ ਦੱਸਿਆ ਹੈ ਕਿ (ਇਹਨਾਂ ਪੁਸਤਕਾਂ ਦੇ ਪਾਠ ਆਦਿਕ ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਦੀ ਬਰਾਬਰੀ ਨਹੀਂ ਕਰ ਸਕਦੇ। (ਫਿਰ, ਤੂੰ ਕਿਉਂ ਨਾਮ ਨਹੀਂ ਸਿਮਰਦਾ?)।2।

ਰਵਿਦਾਸ ਆਖਦਾ ਹੈ—ਵੱਡੀ ਕਿਸਮਤ ਨਾਲ ਜਿਸ ਮਨੁੱਖ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਦੀ ਹੈ ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਕੋਈ ਵਿਕਾਰ ਉਸ ਵਿਚ ਨਹੀਂ ਉੱਠਦਾ, ਉਹ ਮਨੁੱਖ ਆਪਣੇ ਹਿਰਦੇ ਵਿਚ ਚਾਨਣ ਪ੍ਰਾਪਤ ਕਰਦਾ ਹੈ , ਤੇ, ਜਨਮ ਮਰਨ (ਭਾਵ, ਸਾਰੀ ਉਮਰ) ਦੇ ਉਸ ਦੇ ਡਰ ਨਾਸ ਹੋ ਜਾਂਦੇ ਹਨ।3।4।

ਭਾਵ:- ਸਭ ਪਦਾਰਥਾਂ ਦਾ ਦਾਤਾ ਪ੍ਰਭੂ ਆਪ ਹੈ। ਉਸ ਦਾ ਸਿਮਰਨ ਕਰੋ , ਕੋਈ ਭੁੱਖ ਨਹੀਂ ਰਹਿ ਜਾਇਗੀ।